# ਸ਼ਹੀਦ ਭਗਤ ਸਿੰਘ

ਮਲਵਿੰਦਰ ਜੀਤ ਸਿੰਘ ਵੜੈਚ

ਭਗਤ ਸਿੰਘ ਦਾ ਜਨਮ 28 ਸਤੰਬਰ 1907, ਦਿਨ ਸ਼ਨਿੱਚਰਵਾਰ ਨੂੰ ਸੁਬਾ ਪੌਣੇ ਨੌਂ ਵਜੇ, ਜ਼ਿਲ੍ਹਾ ਲਾਇਲਪੁਰ (ਹੁਣ ਫ਼ੈਸਲਾਬਾਦ), ਪਾਕਿਸਤਾਨ ਦੇ ਪਿੰਡ ਬੰਗਾ (ਚੱਕ ਨੰ: 105) ਵਿੱਚ ਹੋਇਆ। ਉਸਦੇ ਦਾਦੇ ਸ. ਅਰਜਨ ਸਿੰਘ ਨੇ 1899 ਦੇ ਨੇੜ-ਤੇੜ, ਜ਼ਿਲ੍ਹਾ ਜਲੰਧਰ/ਨਵਾਂਸ਼ਹਿਰ ਵਿਚਲੇ ਆਪਣੇ ਜੱਦੀ ਪਿੰਡ ਖਟਕੜ ਕਲਾਂ ਤੋਂ ਪਰਵਾਸ ਕਰਨ ਦਾ ਫ਼ੈਸਲਾ ਕਰ ਲਿਆ ਸੀ। ਅਸਲ ਵਿੱਚ, ਉਸ ਵੇਲ਼ੇ ਅਨੇਕਾਂ ਕਿਸਾਨ ਪੂਰਬੀ ਪੰਜਾਬ ਤੋਂ ਪੱਛਮੀ ਪੰਜਾਬ ਵਿੱਚ ਜਾ ਵਸੇ ਸਨ ਕਿਉਂਕਿ ਉਹਨਾਂ ਦੀਆਂ ਅੱਖਾਂ ਉੱਥੋਂ ਦੀਆਂ ਨਹਿਰੀ ਕਲੋਨੀਆਂ ਦੀ ਜ਼ਰਖ਼ੇਜ਼ ਅਤੇ ਅਛੋਹ ਪਈ ਜ਼ਮੀਨ 'ਤੇ ਲਲਚਾਈਆਂ ਹੋਈਆਂ ਸਨ, ਜਿਹੜੀ ਹਣ ਨਵੀਆਂ ਕੱਢੀਆਂ ਨਹਿਰਾਂ ਦੁਆਰਾ ਸਿੰਜੀ ਜਾਣ ਲੱਗ ਪਈ ਸੀ।

ਸਰਦਾਰ ਅਰਜਨ ਸਿੰਘ ਆਰੀਆ ਸਮਾਜੀ ਸਨ ਅਤੇ ਕਾਂਗਰਸ ਦਾ ਇੱਕ ਸਰਗਰਮ ਮੈਂਬਰ ਹੋਣ ਤੋਂ ਇਲਾਵਾ ਉਹ ਰੂੜ੍ਹੀਵਾਦੀ ਸਮਾਜਕ ਵਿਚਾਰਾਂ, ਰਹੁ-ਰੀਤਾਂ ਅਤੇ ਖ਼ਾਸ ਕਰਕੇ ਜਾਤ-ਪਾਤ ਦ ਕੱਟੜ ਵਿਰੋਧੀ ਸਨ। ਇਸ ਕਰਕੇ, ਸੋ ਇਹ ਕੋਈ ਹੈਰਾਨੀ ਦੀ ਗੱਲ ਨਹੀਂ ਸੀ ਕਿ ਉਸਦੇ ਤਿੰਨੇ ਪੁੱਤਰ ਸ. ਕਿਸ਼ਨ ਸਿੰਘ – ਭਗਤ ਸਿੰਘ ਦਾ ਪਿਤਾ, ਸ. ਅਜੀਤ ਸਿੰਘ ਅਤੇ ਸ. ਸਵਰਨ ਸਿੰਘ, ਅਜ਼ਾਦੀ ਸੰਘਰਸ਼ ਦੀ ਗਰਮ-ਖ਼ਿਆਲੀ ਧਾਰਾ ਵਿੱਚ ਸ਼ਾਮਲ ਹੋ ਗਏ। ਸ਼ਹੀਦ ਦਾ ਜਨਮ-ਸਾਲ 1907, ਪੰਜਾਬ ਵਿੱਚ ਰਾਜਸੀ ਉਥਲ-ਪੁਥਲ ਦਾ ਸਾਲ ਸੀ। ਕੌਮੀ ਪੱਧਰ 'ਤੇ, 1905 ਵਿੱਚ ਹੋਈ ਬੰਗਾਲ ਦੀ ਜਬਰੀ ਵੰਡ, ਇਸ ਹਿਲਜੁਲ ਦਾ ਕਾਰਨ ਬਣੀ ਅਤੇ ਪੰਜਾਬ ਲਈ ਇਸ ਦਾ ਅਧਾਰ 'ਪੰਜਾਬ ਕੋਲੋਨਾਈਜੇਸ਼ਨ ਐਕਟ' ਬਣਿਆਂ। ਇਸ ਐਕਟ ਰਾਹੀਂ ਹਕੂਮਤ ਨਹਿਰੀ ਕਲੋਨੀਆਂ ਵਿੱਚ ਅਬਾਦ ਹੋਏ ਕਿਸਾਨਾਂ ਤੋਂ, ਉਹਨਾਂ ਦੀ ਭੋਇੰ ਦੀ ਮਾਲਕੀ ਦੇ ਹੱਕ ਖੋਹ ਲੈਣਾ ਚਾਹੁੰਦੀ ਸੀ, ਉਹੀ ਭੋਇੰ, ਜਿਹੜੀ ਉਹਨਾਂ ਕਰੜੀ ਘਾਲਣਾ ਨਾਲ਼ ਜਾਨ ਮਾਰਕੇ ਵਾਹੀ-ਯੋਗ ਬਣਾਈ ਸੀ। ਡੌਰ-ਭੌਰ ਹਏ ਕਿਸਾਨ ਆਪਣੇ ਤਿੜਕੇ ਹੋਏ ਸਵੈਮਾਣ ਹਿੱਤ 'ਪਗੜੀ ਸੰਭਾਲ਼ ਓ ਜੱਟਾ' ਗਾਉਣ ਲੱਗ ਪਏ। ਜਿਸ ਤਰ੍ਹਾਂ ਕਿ ਉਮੀਦ ਹੀ ਸੀ, ਸ. ਅਰਜਨ ਸਿੰਘ ਦਾ ਪਰਿਵਾਰ ਇਸ ਅੰਦੋਲਨ ਦੀਆਂ ਮੋਹਰੀ ਸਫ਼ਾਂ ਵਿੱਚ ਆਣ ਡਟਿਆ, ਜਿਸਦਾ ਨਤੀਜਾ ਇਹ ਹੋਇਆ ਕਿ ਸ. ਕਿਸ਼ਨ ਸਿੰਘ ਨੂੰ ਨੇਪਾਲ ਦਾ ਦੇਸ਼-ਨਿਕਾਲ਼ਾ, ਸ. ਅਜੀਤ ਸਿੰਘ ਨੂੰ ਬਰਮਾਂ ਦੀ ਜਲਾ-ਵਤਨੀ ਅਤੇ ਸ. ਸਵਰਨ ਸਿੰਘ ਨੂੰ ਕੈਦ ਹੋ ਗਈ। ਸ਼ਹੀਦ ਦਾ ਜਨਮ ਉਹਨਾਂ ਤਿੰਨਾਂ ਦੇ ਵਾਪਸ ਪਰਤਣ ਦੀ ਖ਼ਬਰ ਦੇ ਨਾਲ਼ ਹੀ ਹੋਇਆ ਅਤੇ ਏਸ ਲਈ ਉਸਦਾ ਨਿੱਕਾ-ਨਾਮ 'ਭਾਗਾਂਵਾਲ਼ਾ' ਰੱਖਿਆ ਗਿਆ, ਜੋ ਬਾਅਦ ਵਿੱਚ ਭਗਤ ਸਿੰਘ ਹੋ ਗਿਆ, ਉਹ ਨਾਂ, ਜਿਸਨੇ ਇੱਕ ਲੋਕ-ਗਾਥਾ ਬਣਨਾ ਸੀ; ਭਾਗਵੰਤੀ ਦੇਵੀ ਉਸ ਤੇ 'ਮਿਹਰਬਾਨ' ਤਾਂ ਹੋਈ ਪਰ ਕੁੱਝ ਵੱਖਰੀ ਤਰ੍ਹਾਂ! ਵੱਖਰੇ ਹੀ ਅੰਦਾਜ਼ ਵਿੱਚ!

ਭਗਤ ਸਿੰਘ, ਜਦੋਂ ਅਜੇ ਮਾਸੂਮ ਬੱਚਾ ਹੀ ਸੀ ਤਾਂ ਉਹ ਘਰ ਵਿੱਚ ਆਪਣੀਆਂ ਦੋ ਨਿਆਸਰੀਆਂ ਚਾਚੀਆਂ ਨੂੰ ਵੇਖਦਾ। ਸ. ਅਜੀਤ ਸਿੰਘ, ਜਿਸਨੂੰ ਜਲਾਵਤਨ ਕਰ ਦਿੱਤਾ ਗਿਆ ਸੀ ਅਤੇ ਕਿਸੇ ਨੂੰ ਉਸਦੇ ਜਿਉਂਦੇ ਹੋਣ ਦਾ ਯਕੀਨ ਵੀ ਨਹੀਂ ਸੀ, ਦੀ ਪਤਨੀ ਸੀ ਮਾਤਾ ਹਰਨਾਮ ਕੌਰ ਅਤੇ ਸ. ਸਵਰਨ ਸਿੰਘ, ਜੋ ਜੇਲ੍ਹ ਵਿੱਚ ਸਖ਼ਤ ਤਸੀਹੇ ਚਲਦੇ ਹੋਏ ਟੀ.ਬੀ. ਦੇ ਸ਼ਿਕਾਰ ਹੋ ਗਏ ਸਨ ਅਤੇ ਸਰਕਾਰ ਨੇ ਇਸ ਡਰ ਤੋਂ ਕਿ ਕਿੱਤੇ ਜ਼ੇਲ੍ਹ ਵਿੱਚ ਹੀ ਇਨ੍ਹਾਂ ਦੀ ਮੌਤ ਨਾ ਹੋ ਜਾਏ, ਸਾਰੇ ਕੇਸ ਵਾਪਿਸ ਲੈ ਲਏ ਅਤੇ ਇਨ੍ਹਾਂ ਨੂੰ ਰਿਹਾਅ ਕਰ ਦਿੱਤਾ, ਜੋ ਕੁੱਝ ਹਫ਼ਤਿਆਂ ਬਾਅਦ 20 ਜੁਲਾਈ 1910 ਨੂੰ ਮਹਿਜ਼ 23 ਕੁ ਸਾਲਾਂ ਦੀ ਭਰ ਜੁਆਨੀ ਵਿੱਚ ਅਕਾਲ ਚਲਾਣਾ ਕਰ ਗਏ, ਦੀ ਪਤਨੀ ਸਨ ਮਾਤਾ ਹਕਮ ਕੌਰ। ਉਹ ਦੋਵੇਂ ਭਗਤ ਸਿੰਘ ਤੇ ਜਾਨ ਛਿੜਕਦੀਆਂ ਸਨ। ਅਕਸਰ ਹੀ, ਜਦੋਂ ਭਗਤ ਸਿੰਘ ਸਕੂਲੋਂ ਪੜ੍ਹ ਕੇ ਆਉਂਦਾ ਤਾਂ ਬੜੀ ਮਾਸੂਮੀਅਤ ਨਾਲ਼ ਆਪਣੀ ਚਾਚੀ ਹਰਨਾਮ ਕੌਰ ਨੂੰ ਪੁੱਛਦਾ ਕਿ ਭਲਾ ਕੀ ਚਾਚਾ ਜੀ ਦੀ ਕੋਈ ਚਿੱਠੀ ਆਈ ਹੈ? ਉਹ ਇਹ ਨਹੀਂ ਸੀ ਜਾਣਦਾ ਕਿ ਇਸ ਸੁਆਲ ਨਾਲ਼ ਚਾਚੀ ਦੇ ਮਨ ਵਿੱਚ ਜਜ਼ਬਾਤਾਂ ਦਾ ਜੁਆਲਾਮੁਖੀ ਖ਼ੌਲਣ ਲੱਗ ਪਵੇਗਾ। ਪਰ ਉਸ ਨੂੰ ਇਸ ਮਰਜ਼ ਨੂੰ ਪਛਾਨਣ ਵਿੱਚ ਕੋਈ ਬਹੁਤਾ ਸਮਾਂ ਨਾ ਲੱਗਾ ਅਤੇ ਉਸਨੇ ਬਿਲਕੁਲ ਢੁਕਵੀਂ ਪਛਾਣ ਕਰ ਲਈ ਕਿ ਇਸ ਬਿਮਾਰੀ ਦੀ ਜੜ੍ਹ ਵਿਦੇਸ਼ੀਆਂ ਦਾ ਅੱਤਿਆਚਾਰੀ ਸ਼ਾਸਨ ਹੈ। ਜਵਾਬ ਦੇਣ ਤੋਂ ਅਸਮਰਥ, ਚਾਚੀ ਦੇ ਚਿਹਰੇ ਦੇ ਉਦਾਸ ਹਾਵ-ਭਾਵ ਵੇਖ ਕੇ ਉਹ ਭੜਕ ਉੱਠਦਾ ਅਤੇ ਪੂਰੇ ਜੋਸ਼ ਵਿੱਚ ਆ ਕੇ ਬੋਲਦਾ ਕਿ ਉਹ ਵੱਡਾ ਹੋ ਕੇ

ਹਿੰਦੋਸਤਾਨ ਨੂੰ ਅਜ਼ਾਦ ਕਰਾਉਣ ਲਈ ਬੰਦੂਕ ਲੈ ਕੇ ਅੰਗਰੇਜ਼ਾਂ ਨੂੰ ਭੱਜਾ ਦੇਵੇਗਾ ਅਤੇ ਆਪਣੇ ਚਾਚੇ ਨੂੰ ਵਾਪਸ ਲਿਆਵੇਗਾ। ਮਜ਼ਲੂਮਾਂ ਨਾਲ਼ ਹਮਦਰਦੀ ਅਤੇ ਜ਼ਾਲਮਾਂ ਦੇ ਖ਼ਿਲਾਫ਼ ਗੱਸਾ, ਉਸਦੇ ਦਿਲ ਦੀਆਂ ਡੂੰਘਾਣਾ ਵਿੱਚ ਰੱਚ ਗਿਆ ਕਿਉਂਕਿ ਉਹਨਾਂ ਦੇ ਘਰ 1914-15 ਦੇ ਗ਼ਦਰੀਆਂ ਸਮੇਤ ਹਰ ਤਰ੍ਹਾਂ ਦੇ ਗਰਮ-ਖ਼ਿਆਲੀਆਂ ਦਾ ਆਉਣਾ-ਜਾਣਾ ਲੱਗਿਆ ਰਹਿੰਦਾ ਸੀ, ਜਿਨ੍ਹਾਂ 'ਚੋਂ ਨੌਜਵਾਨ ਨਾਇਕ ਕਰਤਾਰ ਸਿੰਘ ਸਰਾਭਾ, ਉਸਦਾ ਆਦਰਸ਼ ਬਣ ਗਿਆ।

13 ਅਪ੍ਰੈਲ 1919 ਨੂੰ ਵਿਸਾਖੀ ਦੇ ਮੁਬਾਰਕ ਦਿਹਾੜੇ, ਅੰਮ੍ਰਿਤਸਰ ਵਿੱਚ ਜਲ੍ਹਿਆਂ ਵਾਲ਼ੇ ਬਾਗ਼ ਦੇ ਸਾਕੇ ਨੇ ਦੇਸ਼ ਨੂੰ ਧੁਰ-ਅੰਦਰ ਤੱਕ ਹਿਲਾ ਕੇ ਰੱਖ ਦਿੱਤਾ। 12 ਸਾਲਾਂ ਦਾ ਭਗਤ ਸਿੰਘ, 14 ਅਪ੍ਰੈਲ ਨੂੰ ਉਸ ਖ਼ੂਨੀ ਥਾਂ 'ਤੇ ਜਾਣੋ ਨਾ ਰੁਕ ਸਕਿਆ ਅਤੇ ਉੱਥੋਂ, ਉਸਨੇ ਲਹੂ-ਭਿੱਜੀ ਮਿੱਟੀ ਚੁੱਕ ਕੇ ਸਾਰੀ ਉਮਰ ਲਈ ਇੱਕ ਨਿਸ਼ਾਨੀ ਵਜੋਂ ਸੰਭਾਲ਼ ਲਈ। ਉਸ ਦਿਨ ਉਹ ਸਕੂਲ ( ਲਾਹੌਰ ) ਜਾਣ ਦੀ ਬਜਾਏ ਸਿੱਧਾ ਅੰਮ੍ਰਿਤਸਰ ਚਲਾ ਗਿਆ। ਉੱਥੋਂ ਸ਼ਾਮ ਨੂੰ ਵਾਪਸ ਆਉਂਦਿਆਂ ਕਾਫ਼ੀ ਕੁਵੇਲ਼ਾ ਹੋ ਗਿਆ ਤਾਂ ਬੁਰੀ ਤਰ੍ਹਾਂ ਘਬਰਾਏ ਅਤੇ ਬੇਚੈਨ ਹੋਏ ਪਰਿਵਾਰਕ ਮੈਂਬਰਾਂ ਦੇ ਸਾਹ ਸੁੱਕੇ ਰਹੇ। ਖ਼ੂਨ ਦੀ ਇਸ ਹੋਲ਼ੀ ਨਾਲ਼, ਸਾਡੇ ਅਜ਼ਾਦੀ-ਸੰਗਰਾਮ ਦੇ ਇਤਿਹਾਸ ਵਿੱਚ ਇੱਕ ਕ੍ਰਾਂਤੀਕਾਰੀ ਪਰਿਵਰਤਨ ਤਾਂ ਆਇਆ ਹੀ, ਸਗੋਂ ਸ਼ਹੀਦ ਦੀ ਜ਼ਿੰਦਗੀ ਵਿੱਚ ਵੀ ਇਹ ਇੱਕ ਫੈਸਲਾਕੁਨ ਮੋੜ ਸਾਬਤ ਹੋਈ। ਇਸ ਤੋਂ ਸਿਰਫ਼ ਦੋ ਸਾਲਾਂ ਹੀ ਬਾਅਦ ਖ਼ੂਨ ਦੀ ਇੱਕ ਹੋਰ ਖ਼ੂਨੀ ਹੋਲ਼ੀ, ਪਹਿਲੇ ਸਿੱਖ ਗੁਰੂ, ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ, ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿੱਖੇ ਖੇਡੀ ਗਈ, ਜਦੋਂ 20 ਫ਼ਰਵਰੀ 1921 ਨੂੰ ਲਗਭਗ 150 ਨਿਹੱਥੇ ਸਿੱਖ ਸ਼ਰਧਾਲੂ ਕਤਲ਼ ਕਰ ਦਿੱਤੇ ਗਏ ਅਤੇ ਉਹਨਾਂ ਦੀਆਂ ਲਾਸ਼ਾਂ ਨੂੰ ਮਿੱਟੀ ਦਾ ਤੇਲ਼ ਛਿੜਕ ਕੇ ਸਾੜ ਦਿੱਤਾ ਗਿਆ। ਭਾਵੇਂ ਕਿ ਉਪਰੀ ਨਜਰੇ 'ਤੇ ਇਹ ਇੱਕ ਧਾਰਮਿਕ ਮਾਮਲਾ ਸੀ ਪਰ ਇਸਦਾ ਇੱਕ ਰਾਜਨੀਤਿਕ ਪਹਿਲੂ ਵੀ ਸੀ। ਅਸਲ ਵਿੱਚ, ਇਹ ਘਲੂ ਘਾਰਾ ਬਦਮਾਸ਼ ਅਤੇ ਦੁਰਾਚਾਰੀ ਮਹੰਤਾਂ ਦੁਆਰਾ ਕੀਤਾ ਗਿਆ ਸੀ, ਜਿਹੜੇ ਗੁਰਦੁਆਰਿਆਂ ਦਾ ਪ੍ਰਬੰਧ ਚਲਾਉਂਦੇ ਸਨ ਅਤੇ ਧਾਰਮਕ ਅਸਥਾਨਾਂ ਦੇ ਨਾਂ ਬੇ-ਥਾਹ ਜ਼ਮੀਨ-ਜਾਇਦਾਦ ਦੀ ਦੁਰਵਰਤੋਂ ਕਰਦੇ ਸਨ। ਸਿੱਖ, ਉਹਨਾਂ ਮਹੰਤਾਂ ਨੂੰ ਅਧਰਮੀ ਮੰਨਦੇ ਸਨ ਅਤੇ ਉਹਨਾਂ ਨੂੰ ਗੁਰਦੁਆਰਿਆਂ 'ਚੋਂ ਬਾਹਰ ਕੱਢਣ ਲਈ ਇੱਕ ਗੁਰਦੁਆਰਾ ਸੁਧਾਰ ਲਹਿਰ ਚਲਾਈ ਗਈ, ਪਰ ਹਕੂਮਤ ਮਹੰਤਾਂ ਦੀ ਪਿੱਠ ਪੂਰ ਰਹੀ ਸੀ। ਭਗਤ ਸਿੰਘ ਜਦੋਂ 5 ਮਾਰਚ 1921 ਨੂੰ ਉੱਥੇ ਰੱਖੀ ਗਈ ਇੱਕ ਬਹੁਤ ਵੱਡੀ ਮਾਤਮੀ ਕਾਨਫ਼ਰੰਸ ਵਿੱਚ ਸ਼ਾਮਲ ਹੋਣ ਲਈ ਨਨਕਾਣਾ ਸਾਹਿਬ ਗਿਆ ਤਾਂ ਉਹ ਇੱਕ ਵਾਰ ਫਿਰ ਧੁਰ-ਅੰਦਰੋਂ ਝੰਜੋੜਿਆ ਗਿਆ। ਉੱਥੋਂ ਉਹ, ਉਹਨਾਂ ਬੇ-ਰਹਿਮ ਹੱਤਿਆਵਾਂ ਦੀ ਯਾਦ ਵਿੱਚ ਬਣਾਇਆ ਗਿਆ ਇੱਕ ਕੈਲੰਡਰ ਲੈ ਕੇ ਵਾਪਸ ਆ ਗਿਆ। ਹਕੂਮਤ ਦੇ ਵਿਰੋਧ ਅਤੇ ਨਾ-ਫ਼ੁਰਮਾਨੀ ਦੇ ਚਿੰਨ੍ਹ ਵਜੋਂ, ਉਸਨੇ ਵੀ ਬਾਕੀ ਸਿੱਖਾਂ ਵਾਂਗ ਕਾਲ਼ੀ ਦਸਤਾਰ ਸਜਾਉਣੀ ਸ਼ੁਰੂ ਕਰ ਦਿੱਤੀ। ਨਾਲ ਹੀ ਉਸ ਨੇ ਗੁਰੂ ਗ੍ਰੰਥ ਸਾਹਿਬ ਦਾ ਪਾਠ ਕਰਨ ਲਈ ਪੰਜਾਬੀ/ਗੁਰਮੁਖੀ ਸਿੱਖਣੀ ਵੀ ਸ਼ੁਰੂ ਕਰ ਦਿੱਤੀ, ਜਿਸ ਨੂੰ ਪ੍ਰਾਚੀਨ ਸਮੇਂ ਤੋਂ ਹੀ ਧਰਮੀ ਅਤੇ ਸਚਿਆਰ ਸਿੱਖ ਗੁਰੂ ਗ੍ਰੰਥ ਸਾਹਿਬ ਦਾ ਪਾਠ ਕਰਨ ਲਈ ਵੱਡੀ ਗਿਣਤੀ ਵਿੱਚ ਸਿੱਖਦੇ ਰਹੇ ਸਨ। ਦਿਲਚਸਪ ਗੱਲ ਇਹ ਹੈ ਕਿ ਭਗਤ ਸਿੰਘ ਪਹਿਲਾਂ ਹੀ ਉਰਦੂ, ਹਿੰਦੀ ਅਤੇ ਸੰਸਕ੍ਰਿਤ ਵਿੱਚ ਚੰਗੀ ਮੁਹਾਰਤ ਹਾਸਲ ਕਰ ਚੁੱਕਾ ਸੀ, ਸਗੋਂ ਅੰਗਰੇਜ਼ੀ ਸਿੱਖਣ ਲਈ ਬਾਅਦ ਵਿੱਚ ਉਸਨੂੰ ਕਾਫ਼ੀ ਮਿਹਨਤ ਕਰਨੀ ਪਈ ਸੀ। ਫਿਰ ਵੀ, ਜਦੋਂ ਉਸਨੇ 'ਕਿਰਤੀ' ਰਸਾਲੇ ਲਈ ਲੇਖ-ਲੜੀਆਂ, ਜਿੰਨ੍ਹਾਂ ਵਿੱਚ ਬਹੁਤੀਆਂ ਸ਼ਹੀਦਾਂ ਦੀਆਂ ਜੀਵਨੀਆਂ ਹੁੰਦੀਆਂ ਸਨ, ਲਿਖਣੀਆਂ ਸ਼ੁਰੂ ਕੀਤੀਆਂ ਤਾਂ ਪਹਿਲਾਂ ਪੰਜਾਬੀ ਸਿੱਖੀ ਹੋਈ ਹੋਣ ਕਰਕੇ, ਉਸ ਲਈ ਬੜਾ ਸੁਖਾਲ਼ਾ ਰਿਹਾ। ਇਸ ਤੋਂ ਬਾਅਦ ਉਸਨੇ, ਗਾਂਧੀ ਦੀ ਦੁਆਰਾ ਦਿੱਤੇ ਗਏ ਨਾ-ਮਿਲਵਰਤਨ ਲਹਿਰ ਦੇ ਸੱਦੇ 'ਤੇ, ਲਾਹੌਰ ਦਾ ਡੀ.ਏ.ਵੀ ਸਕੂਲ ਛੱਡ ਦਿੱਤਾ ਅਤੇ ਜਿਵੇਂ ਕਿ ਨਾ-ਮਿਲਵਰਤਨ ਲਹਿਰ ਦੌਰਾਨ ਗਾਂਧੀ ਜੀ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਸੀ ਕਿ ਉਹ, ਹਕੂਮਤ ਤੋਂ ਸਹਾਇਤਾ-ਪ੍ਰਾਪਤ ਜਾਂ ਮਾਨਤਾ-ਪ੍ਰਾਪਤ ਸੰਸਥਾਵਾਂ ਨੂੰ ਛੱਡ ਕੇ ਨੈਸ਼ਨਲ ਸਕੂਲਾਂ/ਕਾਲਜਾਂ ਵਿੱਚ ਦਾਖ਼ਲ ਹੋ ਜਾਣ, ਭਗਤ ਸਿੰਘ ਜੋ ਅਜੇ ਦਸਵੀਂ ਜਮਾਤ ਵਿੱਚ ਹੀ ਸੀ, ਵੀ ਨੈਸ਼ਨਲ ਕਾਲਜ ਲਾਹੌਰ ਵਿੱਚ ਦਾਖ਼ਲਾ ਲੈਣ ਚਲਾ ਗਿਆ, ਜਿਸ ਲਈ ਉਸਨੂੰ ਦਾਖ਼ਲੇ ਤੋਂ ਪਹਿਲਾਂ ਇੱਕ ਇਮਤਿਹਾਨ ਪਾਸ ਕਰਨਾ ਪੈਣਾ ਸੀ, ਜਿਹੜਾ ਉਸਨੇ ਪਾਸ ਕਰ ਲਿਆ।

ਨੈਸ਼ਨਲ ਕਾਲਜ ਵਿੱਚ ਪੜ੍ਹਦਿਆਂ ਉਹ ਸੁਖਦੇਵ, ਭਗਵਤੀ ਚਰਨ ਵੋਹਰਾ, ਯਸ਼ਪਾਲ ਅਤੇ ਕੁਝ ਹੋਰ ਦੋਸਤਾਂ ਦੇ ਸੰਪਰਕ ਵਿੱਚ ਆਇਆ। ਇਹ ਦੋਸਤ ਉਸਦੇ ਭਵਿੱਖ ਦੇ ਸਾਥੀ ਸਨ। ਪਾਠ-ਕ੍ਰਮ, ਲਾਇਬ੍ਰੇਰੀ ਦੀਆਂ ਪੁਸਤਕਾਂ ਅਤੇ ਅਧਿਆਪਕਾਂ ਸਮੇਤ, ਕਾਲਜ ਦਾ ਪੂਰਾ ਮਾਹੌਲ ਹੀ ਇਸ ਢੰਗ ਨਾਲ਼ ਸਿਰਜਿਆ ਗਿਆ ਸੀ ਕਿ ਵਿਦਿਆਰਥੀਆਂ ਵਿੱਚ

ਗਰਮ-ਖ਼ਿਆਲ ਰਾਜਸੀ ਚੇਤਨਾ ਨੂੰ ਹੁਲਾਰਾ ਮਿਲੇ। ਭਗਤ ਸਿੰਘ ਇੱਕ ਗੰਭੀਰ ਪਾਠਕ ਬਣ ਗਿਆ, ਇਹ ਗੁਣ ਉਸਦੇ ਸੁਭਾਅ ਦਾ ਮਾਨੋ ਦੂਸਰਾ ਪਹਿਲੂ ਸੀ। ਐਫ਼. ਏ. ਦਾ ਇਮਤਿਹਾਨ ਪਾਸ ਕਰਨ ਤੋਂ ਤੁਰੰਤ ਬਾਅਦ ਹੀ ਉਸਦੀ ਕਾਲਜੀ-ਪੜ੍ਹਾਈ ਦਾ ਭੋਗ ਪੈ ਗਿਆ, ਕਿਉਂਕਿ ਘਰ ਵਾਲੇ ਉਸਦਾ ਵਿਆਹ ਕਰਨ ਲਈ ਬਜ਼ਿਦ ਸਨ। ਇਹ ਸਾਲ 1923 ਦੇ ਪਿਛਲੇ ਅੱਧ ਦੀ ਗੱਲ ਹੈ। ਉਸਨੇ ਆਪਣੇ ਪਰਿਵਾਰ ਤੋਂ ਰੂਪੋਸ਼ ਹੋ ਕੇ ਕਰੀਬ 6 ਮਹੀਨੇ ਕਾਨ੍ਹਪੁਰ 'ਚ ਗੁਜ਼ਾਰੇ, ਜਿੱਥੇ ਉਸਨੇ ਇੱਕ ਮਸ਼ਹੂਰ ਰਾਸ਼ਟਰਵਾਦੀ ਅਤੇ 'ਪਰਤਾਪ' ਅਖ਼ਬਾਰ ਦੇ ਸੰਪਾਦਕ ਗਣੇਸ਼ ਸ਼ੰਕਰ ਵਿਦਿਆਰਥੀ ਤੋਂ ਪੱਤਰਕਾਰੀ ਦੀ ਕਲਾ ਸਿੱਖਣੀ ਅਰੰਭ ਕੀਤੀ ਅਤੇ 'ਹਿੰਦੋਸਤਾਨ ਰੀਪਬਲੀਕਨ ਐਸੋਸੀਏਸ਼ਨ' ਨਾਲ਼ ਆਪਣੇ ਨੇੜਲੇ ਸੰਪਰਕ ਸਥਾਪਤ ਕੀਤੇ। ਉਹ ਸਰਗਰਮ ਇਨਕਲਾਬੀ ਲਹਿਰ ਵਿੱਚ ਕੁੱਦ ਪਿਆ ਅਤੇ ਬਾਅਦ ਵਿੱਚ ਸੁਖਦੇਵ ਦੇ ਸਹਿਯੋਗ ਨਾਲ਼, ਪੰਜਾਬ ਵਿੱਚ ਵੀ ਹਿੰਦੋਸਤਾਨ ਰੀਪਬਲੀਕਨ ਐਸੋਸੀਏਸ਼ਨ ਦੀ ਇਕਾਈ ਕਾਇਮ ਕਰਨ ਵਿੱਚ ਜੁਟ ਗਿਆ।

1924 ਦੇ ਸ਼ੁਰੂ ਵਿੱਚ, ਘਰ ਵਾਪਸ ਆਉਣ ਤੋਂ ਤੁਰੰਤ ਬਾਅਦ ਹੀ ਅਪ੍ਰੈਲ 1924 ਵਿੱਚ ਉਸਨੂੰ ਰੂਪੋਸ਼ ਹੋਣਾ ਪਿਆ। ਵਜ੍ਹਾ ਇਹ ਸੀ ਕਿ ਜੈਤੋ ਦੇ ਮੋਰਚੇ ਦੇ ਸੰਬੰਧ ਵਿੱਚ 500 ਸੱਤਿਆਗ੍ਰਹੀਆਂ ਦਾ ਇੱਕ ਵੱਡਾ ਜਥਾ ਗੁਰਦੁਆਰਾ ਗੰਗਸਰ ਨੂੰ ਜਾ ਰਿਹਾ ਸੀ; ਜਦੋਂ ਇਹ ਜਥਾ ਲਾਇਲਪੁਰ ਜ਼ਿਲ੍ਹੇ ਦੇ ਪਿੰਡ ਬੰਗਾ (ਚੱਕ ਨੰ: 105) ਵਿੱਚ ਦੁਪਹਿਰ ਦੇ ਸਮੇਂ ਰੁਕਿਆ ਤਾਂ ਭਗਤ ਸਿੰਘ ਨੇ ਆਪਣੇ ਸਾਥੀਆਂ ਨਾਲ਼ ਰਲ਼ ਕੇ, ਉਹਨਾਂ ਲਈ ਲੰਗਰ ਦਾ ਪ੍ਰਬੰਧ ਕੀਤਾ ਤੇ ਨਾਲੇ ਜੋਸ਼ੀਲੀ ਤਕਰੀਰ ਵੀ ਕੀਤੀ, ਜਿਸ ਆਧਾਰ ਤੇ ਉਹਦੇ ਪਹਿਲੇ ਵਾਰੰਟ ਗ੍ਰਿਫਤਾਰੀ ਜਾਰੀ ਹੋਏ; ਉਹ ਦਸੰਬਰ 1925 ਤੱਕ ਰੂਪੋਸ਼ ਰਿਹਾ। ਇਸ ਸਮੇਂ ਦੌਰਾਨ ਓਹ ਜ਼ਿਆਦਾਤਰ ਦਿੱਲੀ ਜਾਂ ਯੂ.ਪੀ. ਵਿੱਚ ਰਿਹਾ ਸੀ।

1926 ਦੇ ਸ਼ੁਰੂ ਵਿੱਚ ਹੀ ਉਸਨੇ ਕਾਮਰੇਡ ਰਾਮ ਚੰਦਰ, ਭਗਵਤੀ ਚਰਨ ਵੋਹਰਾ, ਸੁਖਦੇਵ ਅਤੇ ਹੋਰ ਸਾਥੀਆਂ ਨਾਲ਼ ਰਲ਼ ਕੇ 'ਨੌਜਵਾਨ ਭਾਰਤ ਸਭਾ' ਬਣਾ ਲਈ। ਕ੍ਰਾਂਤੀਕਾਰੀਆਂ ਵਾਸਤੇ ਇਹ ਸੰਸਥਾ ਇੱਕ ਖੁੱਲ੍ਹਾ ਅਤੇ ਜਨਤਕ ਮੰਚ ਸੀ, ਜੋ ਨਾਲ ਦੀ ਨਾਲ ਸੰਸਥਾ ਸਮਾਜ ਸੁਧਾਰ ਅਤੇ ਸੰਪਰਦਾਇਕ ਸਦਭਾਵਨਾਂ ਵਰਗੇ ਵਿਸ਼ਾਲ ਉਦੇਸ਼ਾਂ ਨੂੰ ਵੀ ਪਰਨਾਈ ਹੋਈ ਸੀ।

ਜਦੋਂ ਉਹ ਇਨਕਲਾਬੀ ਸਰਗਰਮੀਆਂ ਵਿੱਚ ਪੂਰੀ ਤਰ੍ਹਾਂ ਰੁੱਝਿਆ ਹੋਇਆ ਸੀ, ਤਾਂ ਉਸਨੂੰ 29 ਮਈ 1927 ਨੂੰ ਲਾਹੌਰ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ ਅਤੇ 4 ਜੁਲਾਈ 1927 ਤੱਕ ਹਿਰਾਸਤ ਵਿੱਚ ਰੱਖਿਆ। ਜਦ ਉਸਦ ਪਿਤਾ ਸ. ਕਿਸ਼ਨ ਸਿੰਘ 60000 ਰੁਪਏ ਦਾ ਮੁਚੱਲਕਾ ਭਰ ਕੇ ਉਸਨੂੰ ਜ਼ਮਾਨਤ 'ਤੇ ਰਿਹਾ ਕਰਵਾਉਣ 'ਚ ਕਾਮਯਾਬ ਹੋਏ। ਭਗਤ ਸਿੰਘ ਨੂੰ, ਆਪਣੇ ਪਰਿਵਾਰ ਦੇ ਬਾਕੀ ਜੀਆਂ ਨੂੰ ਮਿਲਣ ਤੋਂ ਪਹਿਲਾਂ ਹੀ ਉਸਦੇ ਪਿਤਾ ਨੇ ਖੂੰਡੇ ਨਾਲ਼ ਕੁੱਟਿਆ ਤੇ ਉਹ ਮਸ਼ਕਰੀਆਂ ਕਰਦਾ ਰਿਹਾ; ਉਹਨਾਂ ਦਿਨਾਂ ਵਿੱਚ ਜ਼ਿਦੀ ਪੁੱਤਰਾਂ ਨਾਲ਼ ਅਜਿਹਾ ਵਿਹਾਰ ਹੋਣਾ ਆਮ ਗੱਲ ਸੀ।

8-9 ਸਤੰਬਰ 1928 ਨੂੰ ਦਿੱਲੀ ਵਿੱਚ ਇੱਕ ਨਵੀਂ ਜਥੇਬੰਦੀ ਬਣਾਈ ਗਈ, ਜਿਸਦਾ ਨਾਂ ਪਹਿਲੀ ਜਥੇਬੰਦੀ ਹਿੰਦੋਸਤਾਲ ਰੀਪਬਲੀਕਨ ਐਸੋਸੀਏਸ਼ਨ ਦੀ ਬਜਾਏ ਹਿੰਦੋਸਤਾਨ *ਸੋਸ਼ਲਿਸਟ* ਰੀਪਬਲੀਕਨ ਐਸੋਸੀਏਸ਼ਨੋ ਰੱਖਿਆ ਗਿਆ ਅਤੇ ਇਨਕਲਾਬ ਰਾਹੀਂ ਭਾਰਤ ਨੂੰ ਸਮਾਜਵਾਦੀ ਗਣਰਾਜ ਬਣਾਉਣਾ, ਜਿਸਦਾ ਉਦੇਸ਼ ਸੀ। ਹਿੰਦੋਸਤਾਨ ਸੋਸ਼ਲਿਸਟ ਰੀਪਬਲੀਕਨ ਐਸੋਸੀਏਸ਼ਨ ਨੇ 17 ਦਸੰਬਰ 1928 ਨੂੰ ਸਹਾਇਕ ਪੁਲਿਸ ਸੁਪਰਡੰਟ ਜੇ.ਪੀ.ਸਾਂਡਰਸ ਨੂੰ ਮਾਰ ਕੇ, ਪਹਿਲੀ ਵੱਡੀ ਕਾਰਵਾਈ ਕੀਤੀ। ਸਾਂਡਰਸ ਦੇ ਕਥਿਤ ਲਾਠੀ-ਚਾਰਜ ਨਾਲ਼ ਹੀ ਲਾਲ੍ਹਾ ਲਾਜਪਤ ਰਾਏ ਜ਼ਖ਼ਮੀ ਹੋਏ ਸਨ, ਜਿਸ ਕਰਕੇ ਉਹਨਾਂ ਦੀ ਮੌਤ ਹੋ ਗਈ ਸੀ। ਹਿੰਦੋਸਤਾਨ ਸੋਸ਼ਲਿਸਟ ਰੀਪਬਲੀਕਨ ਐਸੋਸੀਏਸ਼ਨ ਵੱਲੋਂ ਇਸ ਕਾਰਵਾਈ ਲਈ ਇੱਕ ਇਸ਼ਤਿਹਾਰ ਜਾਰੀ ਕੀਤਾ ਗਿਆ, ਜਿਸ ਵਿੱਚ ਉਹਨਾਂ ਕਤਲ਼ ਦੀ ਜ਼ਿੰਮੇਵਾਰੀ ਕਬੂਲ ਕੀਤੀ ਅਤੇ 'ਮਨੁੱਖੀ ਖ਼ੂਨ ਵਹਾਉਣ' ਤੋਂ ਜਿੱਥੋਂ ਤੱਕ ਸੰਭਵ ਹੋ ਸਕੇ ਬਚਦਿਆਂ, ਇਨਕਲਾਬ ਵਿੱਚ ਆਪਣੇ ਵਿਸਵਾਸ਼ ਦਾ ਅਹਿਦ ਕੀਤਾ।

1929 ਦੇ ਸ਼ੁਰੂ ਵਿੱਚ ਆਗਰੇ ਵਿੱਚ ਤਿੰਨ ਮਹੀਨੇ ਪਾਰਟੀ ਵਰਕਰਾਂ ਵਿਚਾਲੇ ਖੁਲ੍ਹਾਂ ਤੇ ਲੰਮਾ ਵਿਚਾਰ ਵਟਾਂਦਰਾ ਹੋਇਆ ਜਿਸਦੇ ਫਲਸਰੂਪ 8 ਅਪ੍ਰੈਲ 1929 ਨੂੰ ਭਗਤ ਸਿੰਘ ਅਤੇ ਬੀ.ਕੇ. ਦੱਤ ਨੇ ਕੇਂਦਰੀ ਅਸੈਂਬਲੀ ਵਿੱਚ ਦੋ ਬੰਬ ਸੁੱਟੇ। ਇਹ ਬੰਬ ਕਿਸੇ ਨੂੰ ਨੁਕਸਾਨ ਪਹੁੰਚਾਉਣ ਦੇ ਮਕਸਦ ਨਾਲ਼ ਨਹੀਂ ਸਨ ਸੁੱਟੇ ਗਏ; ਉਹਨਾਂ ਨੇ ਪੁਲਿਸ ਨੂੰ ਆਪਣੀ ਗ੍ਰਿਫ਼ਤਾਰੀ ਦੇ ਦਿੱਤੀ, ਧਮਾਕੇ ਤੋਂ ਬਾਅਦ ਇਸ਼ਤਿਹਾਰ ਸੁੱਟੇ ਗਏ, ਜਿੰਨ੍ਹਾਂ ਵਿੱਚ ਇਹ ਐਲਾਨ ਸੀ ਕਿ ਇਹ ਸਿਰਫ਼ 'ਬੋਲ਼ੀ ਹਕੂਮਤ' ਦੇ ਕੰਨਾਂ ਤੱਕ ਆਪਣੀ ਅਵਾਜ਼ ਪਹੁੰਚਾਉਣ ਲਈ ਕੀਤਾ ਗਿਆ ਹੈ। ਉਹਨਾਂ ਨੇ ਮੁਕਦਮੇ ਦੌਰਾਨ ਅਦਾਲਤ

ਵਿੱਚ ਵੀ ਇੱਕ ਲੰਮਾਂ-ਚੌੜਾ ਬਿਆਨ ਦਿੱਤਾ। ਇਸ ਵਿੱਚ ਉਹਨਾਂ ਇਨਕਲਾਬ ਅਤੇ ਧਮਾਕੇ ਤੋਂ ਬਾਅਦ ਲਾਏ ਗਏ ਨਾਹਰੇ ਇਨਕਲਾਬ ਜ਼ਿੰਦਾਬਾਦ - ਜੋ ਕਿ ਪੂਰੇ ਮੁਲਕ ਵਿੱਚ ਗੂੰਜ ਉੱਠਿਆ ਸੀ - ਦੀ ਬਾਦਲੀਲ ਵਿਆਖਿਆ ਵੀ ਕੀਤੀ ਸੀ।

4-5 ਹਫ਼ਤਿਆਂ ਵਿੱਚ ਹੀ, ਉਸਦੇ ਜ਼ਿਆਦਾਤਰ ਸਾਥੀ ਵੀ ਗ੍ਰਿਫ਼ਤਾਰ ਕਰ ਲਏ ਗਏ। ਹਾਲਾਂਕਿ ਭਗਤ ਸਿੰਘ ਅਤੇ ਬੀ. ਕੇ. ਦੱਤ ਨੂੰ ਪਹਿਲਾਂ ਹੀ ਉਮਰ ਕੈਦ ਹੋ ਚੁੱਕੀ ਹੋਈ ਸੀ, ਪਰ ਉਹਨਾਂ ਨੇ ਲਾਹੌਰ ਸਾਜਿਸ਼ ਕੇਸ ਅਧੀਨ ਆਪਣੇ ਹੋਰ ਸਾਥੀਆਂ ਸਮੇਤ ਇੱਕ ਹੋਰ ਵੱਡੇ ਮੁਕਦਮੇ ਦਾ ਸਾਹਮਣਾ ਵੀ ਕਰਨਾ ਸੀ।

ਜੇਲ੍ਹ ਵਿੱਚ ਹੁੰਦਿਆਂ, ਮਾਨਵਵਾਦੀ ਸਲੂਕ ਨੂੰ ਆਪਣੇ ਅਧਿਕਾਰ ਵਜੋਂ ਸਿੱਧ ਕਰਨ ਵਾਸਤੇ, ਉਹਨਾਂ ਨੂੰ ਦੋ ਮਹੀਨਿਆਂ ਤੋਂ ਵੀ ਜ਼ਿਆਦਾ ਲੰਮੇ ਸਮੇਂ ਲਈ ਭੁੱਖ ਹੜਤਾਲ਼ ਕਰਨੀ ਪਈ। ਇਸ ਸੰਘਰਸ਼ ਦੌਰਾਨ, ਉਹਨਾਂ ਨੂੰ ਆਪਣੇ ਇੱਕ ਪਿਆਰੇ ਸਾਥੀ ਅਤੇ ਬੰਬ ਬਣਾਉਣ ਦੇ ਮਾਹਰ ਜਤਿਨ ਦਾਸ ਦੀ ਕੁਰਬਾਨੀ ਵੀ ਦੇਣੀ ਪਈ ਫੇਰ ਕਿਤੇ ਜਾਕੇ, ਉਹ ਲੋਕਾਂ ਦੀ ਹਾਰਦਿਕ ਹਮਦਰਦੀ ਪ੍ਰਾਪਤ ਕਰਨ ਵਿੱਚ ਕਾਮਯਾਬ ਹੋਏ।

ਉਹਨਾਂ ਮੁਕਦਮੇ ਦਾ ਸਾਹਮਣਾ ਕੀਤਾ, ਸਗੋਂ ਇਹ ਕਹਿ ਲਵੋ ਕਿ ਇਨਕਲਾਬੀ ਨਾਹਰੇ ਮਾਰਦਿਆਂ ਉਹਨਾਂ ਮੁਕਦਮੇ ਦਾ ਅਨੰਦ ਮਾਣਿਆ। ਉਹ 'ਮਈ ਦਿਵਸ', 'ਲੈਨਿਨ ਦਿਵਸ' , 'ਕਾਕੋਰੀ ਦਿਵਸ' ਅਤੇ ਇਹੋ ਜਿਹੇ ਹੋਰ ਕਈ ਸਾਰੇ 'ਦਿਵਸ' ਮਨਾ ਕੇ, ਇਸ ਮੁਕਦਮੇ ਦੇ ਜਸ਼ਨ ਮਨਾਉਂਦੇ ਸਨ। ਅਦਾਲਤੀ ਕਾਰਵਾਈਆਂ ਦੌਰਾਨ ਆਪਣੇ 'ਬਚਾਅ' ਵਿੱਚ ਉਹਨਾਂ ਦੀ ਦਿਲਚਸਪੀ ਬਹੁਤ ਘੱਟ ਸੀ, ਸਗੋਂ ਉਹਨਾਂ ਦਾ ਨਿਸ਼ਾਨਾਂ ਸਿਰਫ਼ ਇਸ ਸਾਰੇ ਮਾਮਲੇ ਨੂੰ ਇੱਕ ਡਰਾਮੇ ਵਜੋਂ ਨੰਗਾ ਕਰਨ ਦਾ ਸੀ ਅਤੇ ਅਦਾਲਤੀ ਮੰਚ ਤੋਂ ਉਹਨਾਂ ਆਪਣੇ ਪਾਰਟੀ ਓਦੇਸ਼ਾਂ ਦਾ ਪ੍ਰਚਾਰ-ਸੰਚਾਰ ਕੀਤਾ। ਅਖੀਰ ਉਹਨਾਂ 'ਚੋਂ ਤਿੰਨਾਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਫ਼ਾਂਸੀ ਦੀ ਸਜ਼ਾ ਹੋਈ, ਸੱਤ ਨੂੰ ਉਮਰ ਕੈਦ, ਦੋ ਨੂੰ ਸੱਤ ਅਤੇ ਪੰਜ ਸਾਲ ਦੀਆਂ ਸਖ਼ਤ ਸਜ਼ਾਵਾਂ ਅਤੇ ਤਿੰਨ ਬਰੀ ਹੋਏ।

7 ਅਕਤੂਬਰ 1930 ਨੂੰ ਮੁਕਦਮੇ ਦਾ ਫੈਸਲਾ ਆਣ ਤੋਂ ਬਾਅਦ ਕੁਝ ਲੋਕ-ਹਿੱਤੂ ਦਲੇਰ ਵਕੀਲਾਂ ਦੁਆਰਾ ਭਾਰਤ ਅਤੇ ਇੰਗਲੈਂਡ ਦੀ ਪ੍ਰੀਵੀ ਕੌਂਸਲ ਵਿੱਚ ਅਨੇਕਾਂ ਅਪੀਲਾਂ ਕੀਤੀਆਂ ਗਈਆਂ। ਇਹਨਾਂ ਵਿੱਚੋਂ ਇੱਕ ਵੀ ਅਪੀਲ ਮੁਲਜ਼ਮਾਂ ਵੱਲੋਂ ਨਹੀਂ ਸੀ ਕੀਤੀ ਗਈ। ਇਹ ਸਾਰੀਆਂ ਅਪੀਲਾਂ ਕਾਨੂੰਨੀ ਨੁਕਤਿਆਂ 'ਤੇ ਅਧਾਰਿਤ ਸਨ।

ਭਗਤ ਸਿੰਘ, ਸੁਖਦੇਵ ਅਤੇ ਰਾਜਗੁਰੂ ਨੇ 20 ਮਾਰਚ 1931 ਨੂੰ ਪੰਜਾਬ ਦੇ ਗਵਰਨਰ ਨੂੰ ਇੱਕ ਚਿੱਠੀ ਲਿਖੀ। ਇਸ ਚਿੱਠੀ, ਜਿਸ ਵਿੱਚ ਓਹਨਾਂ ਬੇਨਤੀ ਕੀਤੀ ਕਿ ਉਹਨਾਂ ਨੂੰ ਫ਼ਾਂਸੀ ਲਾਉਣ ਦੀ ਬਜਾਏ ਫ਼ੌਜੀ ਦਸਤੇ ਵੱਲੋਂ ਗੋਲ਼ੀ ਨਾਲ਼ ਉਡਾਇਆ ਜਾਵੇ ਕਿਉਂਕਿ ਉਹਨਾਂ ਨੂੰ ਇੰਗਲੈਂਡ ਦੇ ਸ਼ਹਿਨਸ਼ਾਹ ਦੇ ਖ਼ਿਲਾਫ਼ 'ਜੰਗ ਛੇੜਨ' ਦੇ ਦੋਸ਼ੀ ਠਹਿਰਾਇਆ ਗਿਆ ਹੈ, ਇਸ ਕਰਕੇ ਉਹ ਜੰਗੀ ਕੈਦੀ ਹਨ।

ਅਖੀਰ, ਹਕੂਮਤ ਨੇ ਉਹਨਾਂ ਨੂੰ 24 ਮਾਰਚ ਸਵੇਰ ਦੀ ਬਜਾਏ 23 ਮਾਰਚ 1931 ਨੂੰ ਸ਼ਾਮ 7:00 ਵਜੇ ਹੀ ਫ਼ਾਂਸੀ ਲਾਉਣ ਦਾ ਫ਼ੈਸਲਾ ਕਰ ਲਿਆ, ਪਰ ਇਹ ਖ਼ਬਰ 24 ਮਾਰਚ ਦੀ ਸਵੇਰ ਨੂੰ ਨਸ਼ਰ ਕੀਤੀ ਜਾਣੀ ਸੀ। 23 ਮਾਰਚ ਨੂੰ, ਸ਼ਹੀਦਾਂ ਦੇ ਪਰਿਵਾਰਾਂ ਨੂੰ ਅਧਿਕਾਰੀਆਂ ਦੇ ਅੜੀਅਲ ਵਤੀਰੇ ਦੇ ਕਾਰਨ, ਆਪਣੇ ਵਿੱਛੜ ਰਹੇ ਪਿਆਰਿਆਂ ਨੂੰ ਆਖਰੀ ਵਾਰ ਮਿਲਣ ਦਾ ਮੌਕਾ ਵੀ ਨਾ ਮਿਲ ਸਕਿਆ।

ਉਹ ਨਾਹਰੇ ਮਾਰਦੇ, ਦੇਸ਼-ਭਗਤੀ ਦੇ ਗੀਤ ਗਾਉਂਦੇ ਅਤੇ ਮੌਤ ਤੇ ਨਿਆਂਹੀਣ ਫ਼ੈਸਲਾ ਸੁਣਾਉਣ ਵਾਲ਼ੇ ਨਿਜ਼ਾਮ ਦਾ ਮੂੰਹ ਚਿੜਾਉਂਦੇ ਹੋਏ ਫ਼ਾਂਸੀ ਦੇ ਤਖ਼ਤੇ 'ਤੇ ਝੂਲ ਗਏ।

ਪਿੰਡ ਤੇ ਡਾਕਖ਼ਾਨਾ - ਸਕੇਤੜੀ
ਜ਼ਿਲ੍ਹਾ ਪੰਚਕੂਲਾ - 134109
ਫੋਨ: 0172-2556314;
ਈ-ਮੇਲ: mjswaraich29@gmail.com

———